ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਪ੍ਰਵਾਸੀ ਕਾਮਿਆਂ ਨੂੰ ਲੈ ਕੇ ਅੰਮ੍ਰਿਤਸਰ ਤੋਂ ਚੌਥੀ ਰੇਲ ਗੱਡੀ ਗੌਂਡਾ ਲਈ ਰਵਾਨਾ

ਸਰਕਾਰ ਦੀ ਕੋਸ਼ਿਸ਼ ਨਾਲ 1200 ਯਾਤਰੀ ਆਪਣੇ ਘਰਾਂ ਦੇ ਰਾਹ ਪਏ

ਅੰਮ੍ਰਿਤਸਰ, 11 ਮਈ ( )-ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੇ ਸੂਬਿਆਂ 'ਚ ਭੇਜਣ ਦੀ ਕੀਤੀ ਪਹਿਲ ਤਹਿਤ ਅੱਜ ਦੁਪਿਹਰ ਅੰਮ੍ਰਿਤਸਰ ਤੋਂ ਚੌਥੀ ਰੇਲ ਗੱਡੀ ਗੌਂਡਾ ਲਈ ਰਾਵਾਨਾ ਹੋ ਗਈ। ਇਸ ਰੇਲ ਗੱਡੀ ਵਿਚ ਗਏ 1200 ਮੁਸਾਫਿਰਾਂ ਨੂੰ ਉਨਾਂ ਦੇ ਘਰਾਂ ਤੋਂ ਲੈ ਕੇ ਰੇਲ ਗੱਡੀ ਵਿਚ ਚੜਾਉਣ ਤੱਕ ਦਾ ਸਾਰਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ। ਡਾਕਟਰੀ ਨਿਰੀਖਣ, ਟਿਕਟਾਂ ਦੀ ਵੰਡ, ਖਾਣਾ ਅਤੇ ਰੇਲ ਗੱਡੀ ਵਿਚ ਚੜਾਉਣ ਤੱਕ ਹਰੇਕ ਥਾਂ ਸਿਹਤ ਵਿਭਾਗ ਦੀਆਂ ਸਾਵਧਾਨੀਆਂ ਦਾ ਧਿਆਨ ਰੱਖਦੇ ਹੋਏ ਆਪਸੀ ਦੂਰੀ ਨੂੰ ਬਰਕਰਾਰ ਰੱਖਿਆ ਗਿਆ, ਜਿਸ ਸਦਕਾ ਇਹ ਯਾਤਰਾ ਬੜੀ ਸੁਰੱਖਿਅਤ ਸ਼ੁਰੂ ਹੋਈ। ਸਟੇਸ਼ਨ ਉਤੇ ਤਹਿਸੀਲਦਾਰ ਸ੍ਰੀ ਜੇ ਪੀ ਸਲਵਾਨ, ਤਹਿਸੀਲਦਾਰ ਸ੍ਰੀ ਵੀਰ ਕਰਨ ਸਿੰਘ, ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ, ਕਾਨੂੰਨੋ ਸ੍ਰੀ ਅਸ਼ੋਕ ਸ਼ਰਮਾ ਤੇ ਹੋਰ ਅਧਿਕਾਰੀ ਵੀ ਮੁਸਾਫਿਰਾਂ ਨੂੰ ਤੋਰਨ ਅਤੇ ਪ੍ਰਬੰਧਾਂ ਲਈ ਸਟੇਸ਼ਨ ਉਤੇ ਹਾਜ਼ਰ ਰਹੇ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਵੱਲੋਂ ਇਸ ਕੰਮ ਲਈ ਕੀਤੀ ਯੋਜਨਾਬੰਦੀ ਸਦਕਾ ਪ੍ਰਵਾਸੀਆਂ ਦੀਆਂ ਸੂਚੀਆਂ ਬਣਾ ਕੇ ਉਨਾਂ ਨੂੰ ਘਰਾਂ ਤੋਂ ਲਿਆ ਕੇ ਡਾਕਟਰੀ ਮੁਆਇਨਾ ਕਰਵਾ ਕੇ ਰੇਲ ਗੱਡੀ ਵਿਚ ਚੜਾਉਣ ਲਈ ਵੱਖ-ਵੱਖ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਸੀ, ਜਿਸ ਸਦਕਾ ਇਹ ਸਾਰਾ ਪ੍ਰੋਗਰਾਮ ਬੜੇ ਵਧੀਆ ਢੰਗ ਨਾਲ ਨੇਪਰੇ ਚੜਿਆ। ਤਹਿਸੀਲਦਾਰ ਸ੍ਰੀ ਸਲਵਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਰਿਆਂ ਦੀ ਵਾਪਸੀ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ ਅਤੇ ਹਰੇਕ ਵਿਅਕਤੀ ਦੇ ਫੋਨ ਉਤੇ ਸੰਦੇਸ਼ ਦੇ ਕੇ ਉਸ ਨੂੰ ਘਰਾਂ ਤੋਂ ਉਸਦੀ ਵਾਰੀ ਨਾਲ ਬੁਲਾਇਆ ਜਾ ਰਿਹਾ ਹੈ। ਘਰਾਂ ਨੂੰ ਪਰਤ ਰਹੇ ਪ੍ਰਵਾਸੀਆਂ ਦੇ ਚਿਹਰਿਆਂ ਉਤੇ ਵੀ ਖੁਸ਼ੀ ਸਾਫ ਵਿਖਾਈ ਦੇ ਰਹੀ ਸੀ।

ਕੈਪਸ਼ਨ

ਤਹਿਸੀਲਦਾਰ ਸ੍ਰੀ ਜੇ ਪੀ ਸਲਵਾਨ ਪ੍ਰਵਾਸੀ ਮਜਦੂਰਾਂ ਨੂੰ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਗੌਂਡਾਂ ਲਈ ਰਵਾਨਾ ਕਰਦੇ ਸਮੇਂ ਰਾਹਤ ਸਮੱਗਰੀ ਦਿੰਦੇ ਹੋਏ।

ਤਹਿਸੀਲਦਾਰ ਸ੍ਰੀ ਜੇ ਪੀ ਸਲਵਾਨ, ਤਹਿਸੀਲਦਾਰ ਸ੍ਰੀ ਵੀਰ ਕਰਨ ਸਿੰਘ, ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਗੌਂਡਾਂ ਲਈ ਟਰੇਨ ਤੋਰਨ ਸਮੇਂ ਵੱਖ ਵੱਖ ਦ੍ਰਿਸ਼।

ਪੀ ਏ ਯੂ ਦੇ ਵਾਈਸ ਚਾਂਸਲਰ ਨੇ ਕਣਕ ਦੇ ਨਾੜ ਨੂੰ ਅੱਗ ਨਾ ਲਾਉਣ ਦੀ ਕੀਤੀ ਅਪੀਲ

ਅੰਮ੍ਰਿਤਸਰ, 11 ਮਈ (          )-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ ਬਲਦੇਵ ਸਿੰਘ ਢਿੱਲੋਂ, ਪਦਮਸ੍ਰੀ ਐਵਾਰਡੀ ਨੇ ਪੰਜਾਬ ਦੇ ਕਿਸਾਨਾਂ ਨੂੰ ਕਣਕ ਦਾ ਨਾੜ ਨਾ ਸਾੜਨ ਦੀ ਇਕ ਭਾਵੁਕ ਅਪੀਲ ਕੀਤੀ ਹੈ। ਉਨਾਂ ਆਪਣੀ ਅਪੀਲ ਵਿਚ ਕਿਹਾ ਕਿ 'ਰੀਮੋਟ ਸੈਂਸਿੰਗ' ਵਿਭਾਗ ਵਲੋਂ ਪਿਛਲੇ ਹਫਤੇ ਕਣਕ ਦੇ ਨਾੜ ਨੂੰ ਲਗਾਤਾਰ ਅੱਗ ਲਾਉਣ ਦੀਆਂ ਆਈਆਂ ਖ਼ਬਰਾਂ  ਨੇ ਉਨਾਂ ਨੂੰ ਉਦਾਸ ਕੀਤਾ ਹੈ। ਉਨਾਂ ਕਿਹਾ ਕਿ ਕਿਸਾਨਾਂ ਕੋਲ ਝੋਨਾ ਲਾਉਣ ਜਾਂ ਮੱਕੀ ਦੀ ਬਿਜਾਈ ਵਿਚ ਅਜੇ ਸਮਾਂ ਹੈ ਇਸ ਲਈ ਅੱਗ ਲਾਉਣ ਜਾਂ ਕਾਹਲ ਕਰਨ ਦੀ ਕੋਈ ਲੋੜ ਮਹਿਸੂਸ ਨਹੀਂ ਹੁੰਦੀ।

ਡਾ ਢਿੱਲੋਂ ਨੇ ਅੱਗੇ ਕਿਹਾ ਕਿ ਪੂਰਾ ਸੰਸਾਰ ਇਸ ਸਮੇਂ ਕੋਰੋਨਾ ਦੀ ਭਿਆਨਕ ਮਹਾਂਮਾਰੀ ਸਾਮਣੇ ਹੈ। ਡਾਕਟਰਾਂ ਅਤੇ ਮਾਹਿਰਾਂ ਨੇ ਦੱਸਿਆ ਹੈ ਕਿ ਜੋ ਲੋਕ ਇਸ ਬਿਮਾਰੀ ਤੋਂ ਪੀੜਤ ਹਨ, ਉਨਾਂ ਨੂੰ ਵਧੀਆ ਸਿਹਤ ਸਹੂਲਤਾਂ ਦੇ ਨਾਲ-ਨਾਲ ਸਾਫ ਸੁਥਰੀ ਆਬੋ-ਹਵਾ ਦੀ ਵੀ ਲੋੜ ਹੈ। ਨਾੜ ਨੂੰ ਲੱਗਣ ਵਾਲੀਆਂ ਅੱਗਾਂ ਦਾ ਧੂੰਆਂ ਵੀ ਸਾਡੇ ਫੇਫੜਿਆਂ ਨੇ ਹੀ ਫੱਕਣਾ ਹੈ, ਸੋ ਕੋਵਿਡ ਅਜਿਹੀ ਭਿਆਨਕ ਲਾਗ ਦੀ ਬੀਮਾਰੀ ਹੈ ਜੋ ਕਮਜ਼ੋਰ ਫੇਫੜਿਆਂ ਤੇ ਵੱਧ ਮਾਰ ਕਰਦੀ ਹੈ।

ਡਾ ਢਿੱਲੋਂ ਨੇ ਇਕ ਕਿਹਾ ਸੋਚਣ ਦੀ ਲੋੜ ਹੈ ਕਿ ਕੀ ਅਸੀਂ ਨਾੜ ਨੂੰ ਅੱਗ ਲਾ ਕੇ ਘੋਰ ਪਾਪ ਨਹੀਂ ਕਰ ਰਹੇ? ਇਹ ਧੂੰਆਂ ਸਾਹ ਦੀਆਂ ਬੀਮਾਰੀਆਂ ਦਾ ਕਾਰਨ ਬਣਦਾ ਹੈ। ਕੀ ਬੀਮਾਰ ਫੇਫੜੇ ਇਸ ਜਾਨਲੇਵਾ ਬੀਮਾਰੀ ਦਾ ਮੁਕਾਬਲਾ ਕਰ ਸਕਣਗੇ? ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਣਕ ਦੇ ਨਾੜ ਨੂੰ ਯੂਨੀਵਰਸਿਟੀ ਦੀਆਂ ਹਦਾਇਤਾਂ  ਅਨੁਸਾਰ ਹੀ ਸਾਂਭਣ ਲਈ ਹੰਭਲਾ ਮਾਰਨ। ਡਾ ਢਿੱਲੋਂ ਨੇ ਉਨਾਂ ਕਿਸਾਨਾਂ ਅਤੇ ਕਿਸਾਨ ਯੂਨੀਅਨਾਂ ਦਾ ਧੰਨਵਾਦ ਵੀ ਕੀਤਾ ਜਿਨਾਂ ਪਹਿਲਾਂ ਹੀ ਨਾੜ ਨੂੰ ਨਾ ਸਾੜਨ ਦਾ ਪ੍ਰਣ ਕੀਤਾ ਹੈ। ਡਾ ਢਿੱਲੋਂ ਨੇ ਆਸ ਪ੍ਰਗਟਾਈ ਕਿ ਇਹ ਕਿਸਾਨ ਬਾਕੀ ਕਿਸਾਨਾਂ ਲਈ ਵੀ ਪਰੇਰਨਾਸਰੋਤ ਬਣਨਗੇ ਅਤੇ ਕਣਕ ਦੇ ਨਾੜ ਸਹੀ ਸੰਭਾਲ ਦੇ ਰਸਤੇ ਤੁਰਨਗੇ।

ਡਾ ਢਿੱਲੋਂ ਨੇ ਕਿਹਾ ਕਿ “ਮੈਂ ਦੁਖੀ ਮਨ ਨਾਲ ਇਹ ਅਰਜ਼ੋਈ ਕਰਦਾ ਹਾਂ ਕਿ ਹਾਲੇ ਵੀ ਸੰਭਲ ਜਾਈਏ! ਮਨੁੱਖੀ ਜੀਵਨ ਨੂੰ ਖਤਰੇ ਵਿਚ ਨਾ ਪਾਈਏ। ਅੱਗ ਲਾਉਣ ਦਾ ਰੁਝਾਨ ਬੰਦ ਕਰੀਏ। ਰਹਿੰਦ-ਖੂੰਹਦ ਨੂੰ ਸਹੀ ਤਰੀਕੇ ਨਾਲ ਸੰਭਾਲੀਏ ।

ਪੰਜਾਬ ਦੀ ਧਰਤੀ ਤੋਂ ਗੁਰੂ ਨਾਨਕ ਦੇਵ ਜੀ ਨੇ ਆਪਣੇ ਮਹਾਂਵਾਕ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ' ਨਾਲ ਜਿਹੜਾ ਸੰਦੇਸ਼ ਦਿੱਤਾ ਸੀ ਉਸ ਨੂੰ ਮੁੜ ਧਿਆਈਏ ਅਤੇ ਆਪਣੇ ਹਿੱਸੇ ਦਾ ਨੈਤਿਕ ਫਰਜ਼ ਨਿਭਾਈਏ। “

======

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਜਿਲੇ ਵਿਚ ਹੁਣ ਤੱਕ ਕੀਤੀ ਗਈ 5 ਲੱਖ ਮੀਟਰਕ ਟਨ ਕਣਕ ਦੀ ਖ੍ਰੀਦ

74 ਫੀਸਦੀ ਕਣਕ ਦੀ ਅਦਾਇਗੀ ਵੀ 48 ਘੰਟਿਆਂ ਵਿਚ ਪੂਰੀ ਕੀਤੀ

69 ਫੀਸਦੀ ਤੋਂ ਵੱਧ ਕਣਕ ਦੀ ਲਿਫਟਿੰਗ ਵੀ ਹੋਈ ਪੂਰੀ

ਅੰਮ੍ਰਿਤਸਰ, ੧੧ ਮਈ ( )-ਕੋਵਿਡ 19 ਸੰਕਟ ਦੇ ਚੱਲਦੇ ਮੰਡੀਆਂ ਵਿਚ ਇਸ ਵਾਰ ਕਣਕ ਦਾ ਸੀਜ਼ਨ ਭਾਵੇਂ ਥੋੜਾ ਲੰਮ ਚੱਲਿਆ ਹੈ, ਪਰ ਪੰਜਾਬ ਸਰਕਾਰ ਵੱਲੋਂ ਕਿਸਾਨਾਂ, ਮਜ਼ਦੂਰਾਂ, ਆੜਤੀਆਂ ਤੇ ਸਰਕਾਰੀ ਕਰਮਚਾਰੀਆਂ ਲਈ ਕੀਤੇ ਗਏ ਪ੍ਰਬੰਧਾਂ ਕਾਰਨ ਕਣਕ ਦੀ ਖਰੀਦ ਬੜੀ ਸੁਰੱਖਿਅਤ ਕੀਤੀ ਜਾ ਰਹੀ ਹੈ। ਸਿਹਤ ਵਿਭਾਗ ਵੱਲੋਂ ਦਿੱਤੀਆਂ ਸਾਰੀਆਂ ਸਾਵਧਾਨੀਆਂ ਨੂੰ ਅਪਨਾਉਂਦੇ ਹੋਏ ਜਿਲੇ ਦੀਆਂ ਸਾਰੀਆਂ ਮੰਡੀਆਂ ਵਿਚ ਕਣਕ ਦੀ ਖਰੀਦ 5 ਲੱਖ ਮੀਟਰਕ ਟਨ ਨੂੰ ਪਾਰ ਕਰ ਚੁੱਕੀ ਹੈ। ਇਸ ਬਾਬਤ ਜਾਣਕਾਰੀ ਦਿੰਦੇ ਜਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਹੁਣ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ ਆਈ ਕਰੀਬ 5 ਲੱਖ 13 ਹਜ਼ਾਰ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਜਾ ਚੁੱਕੀ ਹੈ, ਜਿਸ ਵਿਚੋਂ ਜ਼ਿਆਦਾਤਰ ਸਰਕਾਰੀ ਏਜੰਸੀਆਂ ਵੱਲੋਂ ਹੀ ਕੀਤੀ ਗਈ ਹੈ। ਉਨਾਂ ਕਿਹਾ ਕਿ ਤਸੱਲੀ ਇਸ ਗੱਲ ਦੀ ਵੀ ਹੈ ਕਿ ਮੰਡੀਆਂ ਵਿਚ ਸਿਹਤ ਵਿਭਾਗ ਵੱਲੋਂ ਦਿੱਤੀਆਂ ਹਦਾਇਤਾਂ, ਜਿੰਨਾ ਵਿਚ ਮਾਸਕ, ਆਪਸੀ ਦੂਰੀ, ਹੱਥਾਂ ਦੀ ਸਫਾਈ ਆਦਿ ਨੂੰ ਅਪਨਾਉਂਦੇ ਹੋਏ ਬੜੀ ਸੁਰੱਖਿਅਤ ਢੰਗ ਨਾਲ ਕਣਕ ਦੀ ਖਰੀਦ ਕੀਤੀ ਜਾ ਰਹੀ ਹੈ, ਜਿਸ ਨਾਲ ਮੰਡੀ ਵਿਚ ਕਿਸਾਨਾਂ ਜਾਂ ਮਜ਼ਦੂਰਾਂ ਨੂੰ ਮੁਸ਼ਿਕਲ ਪੇਸ਼ ਨਹੀਂ ਆ ਰਹੀ।

ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿਚ 5 ਲੱਖ 16 ਹਜ਼ਾਰ ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 5 ਲੱਖ 13 ਹਜ਼ਾਰ ਮੀਟ੍ਰਿਕ ਟਨ ਕਣਕ ਦੀ ਖਰੀਦ ਕਰ ਲਈ ਗਈ ਸੀ। ਉਨਾਂ ਦੱਸਿਆ ਕਿ ਖਰੀਦ ਕੀਤੀ ਕਣਕ ਵਿਚੋਂ ਵਿਚੋਂ ਪਨਗ੍ਰੇਨ ਵੱਲੋਂ ਹੀ ਇਕ ਲੱਖ 31 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ ਦੀ ਖਰੀਦ ਕੀਤੀ ਗਈ, ਜਦਕਿ ਮਾਰਕਫੈੱਡ ਵੱਲੋਂ 114887 ਮੀਟ੍ਰਿਕ ਟਨ, ਪਨਸਪ ਵੱਲੋਂ 105837 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 90028 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ 71805 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 3320 ਮੀਟਰਕ ਟਨ ਕਣਕ ਖਰੀਦੀ ਜਾ ਚੁੱਕੀ ਹੈ।

ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਨੇ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਗਈ ਕਣਕ ਵਿਚੋਂ 69 ਫੀਸਦੀ ਕਣਕ ਮੰਡੀਆਂ ਵਿਚੋਂ ਗੁਦਾਮਾਂ ਤੱਕ ਪਹੁੰਚਾਈ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ 74 ਫੀਸਦੀ ਦੇ ਕਰੀਬ ਫਸਲ ਦੀ ਅਦਾਇਗੀ ਵੀ ਨਾਲੋ-ਨਾਲ 48 ਘੰਟਿਆਂ ਦੇ ਅੰਦਰ-ਅੰਦਰ ਕੀਤੀ ਜਾ ਚੁੱਕੀ ਹੈ।

======